**ਦਫਤਰ ਡਾਇਰੈਕਟਰ ਸਕੂਲ ਐਜੂਕੇਸ਼ਨ (ਸੈਕੰਡਰੀ), ਪੰਜਾਬ, ਐਸ.ਏ.ਐਸ. ਨਗਰ**
**ਪੀ.ਐਸ.ਈ.ਬੀ. ਕੰਪਲੈਕਸ, ਫੇਜ਼-8, ਐਸ.ਏ.ਐਸ. ਨਗਰ**
**(ਦਫਤਰੀ ਅਮਲਾ ਸ਼ਾਖਾ)**

ਸੇਵਾ ਵਿਖੇ

ਪੰਜਾਬ ਰਾਜ ਦੇ ਸਮੂਹ

1. ਜਿਲ੍ਹਾ ਸਿੱਖਿਆ ਅਫਸਰ (ਸੈ.ਸਿ./ਐ.ਸਿ.)
2. ਸਮੂਹ ਬੀ.ਪੀ.ਈ.ਓ. ਦਫਤਰ
3. ਸਮੂਹ ਪ੍ਰਿੰਸੀਪਲ ਡਾਇਟ।

ਮੀਮੋ ਨੰ.: **ਈ-501826 / DPISE-MEOESTB/146/2023-ਦਅ(2)/**2024189495
ਮਿਤੀ: 01.08.2024

ਵਿਸ਼ਾ:- ਨਾਨ ਟੀਚਿੰਗ ਸਟਾਫ ਦੀਆਂ ਆਸਾਮੀਆਂ ਈ-ਪੰਜਾਬ ਪੋਰਟਲ (ਐਮ.ਆਈ.ਐਸ. ਪੋਰਟਲ) ਤੇ ਅਪਡੇਟ ਕਰਨ ਸਬੰਧੀ।

ਪੰਜਾਬ ਸਿੱਖਿਆ ਵਿਭਾਗ ਦੇ ਖੇਤਰੀ ਦਫਤਰਾਂ/ ਸਕੂਲਾਂ/ ਸੰਸਥਾਵਾਂ ਵਿੱਚ ਕੰਮ ਕਰਦੇ ਨਾਨ ਟੀਚਿੰਗ ਅਮਲੇ ਦੇ ਵੇਰਵੇ ਈ-ਪੰਜਾਬ ਪੋਰਟਲ ਤੇ ਅਪਲੋਡ ਕੀਤੇ ਜਾਂਦੇ ਹਨ। ਦਫਤਰਾਂ/ ਸਕੂਲਾਂ/ ਸੰਸਥਾਵਾਂ ਵੱਲੋਂ ਜੋ ਆਪਣੇ ਅਦਾਰੇ ਨਾਲ ਸਬੰਧਤ ਵੇਰਵੇ ਅਪਲੋਡ ਕੀਤੇ ਜਾਂਦੇ ਹਨ, ਉਨ੍ਹਾਂ ਵੇਰਵਿਆਂ ਦੇ ਆਧਾਰ ਤੇ ਹੀ ਵਿਭਾਗ ਵੱਲੋਂ ਸਿੱਧੀ ਭਰਤੀ/ ਪਦਉੱਨਤੀਆਂ ਅਤੇ ਬਦਲੀਆਂ ਸਬੰਧੀ ਕਾਰਵਾਈ ਕੀਤੀ ਜਾਂਦੀ ਹੈ। ਇਹ ਦੇਖਣ ਵਿੱਚ ਆਇਆ ਹੈ ਕਿ ਦਫਤਰਾਂ/ ਸਕੂਲਾਂ / ਸੰਸਥਾਵਾਂ ਵੱਲੋਂ ਆਪਣੇ ਅਧੀਨ ਕੰਮ ਕਰ ਰਹੇ ਅਮਲੇ ਦੇ ਵੇਰਵੇ ਸਹੀ ਢੰਗ ਨਾਲ ਈ-ਪੰਜਾਬ ਪੋਰਟਲ ਤੇ ਅਪਡੇਟ ਨਹੀਂ ਕੀਤੇ ਜਾਂਦੇ, ਜਿਸ ਕਾਰਨ ਵਿਭਾਗ ਵੱਲੋਂ ਭਰਤੀਆਂ/ ਪਦਉੱਨਤੀਆਂ ਅਤੇ ਬਦਲੀਆਂ ਕਰਨ ਵਿੱਚ ਦਿੱਕਤ ਪੇਸ਼ ਆਉਂਦੀ ਹੈ ਅਤੇ ਨਾਮੋਸ਼ੀ ਦਾ ਸਾਹਮਣਾ ਕਰਨਾ ਪੈਂਦਾ ਹੈ। ਇਸ ਸਬੰਧੀ ਆਪ ਨੂੰ ਲਿਖਿਆ ਜਾਂਦਾ ਹੈ ਕਿ ਮਿਤੀ 05.08.2024 ਤੱਕ ਆਪਣੇ ਅਤੇ ਆਪਣੇ ਅਧੀਨ ਆਉਂਦੇ ਸਕੂਲਾਂ ਨਾਲ ਸਬੰਧਤ ਸਾਰੇ ਕਰਮਚਾਰੀਆਂ ਦਾ ਡਾਟਾ ਈ-ਪੰਜਾਬ ਪੋਰਟਲ ਤੇ ਅਪਡੇਟ ਕੀਤਾ ਜਾਵੇ। ਜੇਕਰ ਨਿਸਚਿਤ ਮਿਤੀ ਤੱਕ ਕਿਸੇ ਵੀ ਅਦਾਰੇ ਦਾ ਡਾਟਾ ਈ-ਪੰਜਾਬ ਪੋਰਟਲ ਤੇ ਅਪਡੇਟ ਨਹੀਂ ਕੀਤਾ ਜਾਂਦਾ ਤਾਂ ਇਸਦੀ ਜਿੰਮੇਵਾਰੀ ਸਬੰਧਤ ਡੀ.ਡੀ.ਓ. ਦੀ ਹੋਵੇਗੀ ਅਤੇ ਉਸ ਵਿਰੁੱਧ ਲੋੜੀਂਦੀ ਅਨੁਸ਼ਾਸਨੀ ਕਾਰਵਾਈ ਆਰੰਭੀ ਜਾਵੇਗੀ।

ਨੋਟ:- ਪੰਜਾਬ ਰਾਜ ਦੇ ਕੁਝ ਸਕੂਲਾਂ ਵਿੱਚ ਦੇਖਣ ਵਿੱਚ ਆਇਆ ਹੈ ਕਿ ਸਕੂਲ ਲਾਇਬ੍ਰੇਰੀਅਨ ਦੀ ਆਸਾਮੀ ਤੇ ਸਹਾਇਕ ਲਾਇਬ੍ਰੇਰੀਅਨ ਕੰਮ ਕਰ ਰਹੇ ਹਨ, ਉਨ੍ਹਾਂ ਸਕੂਲਾਂ ਵਿੱਚ ਸਕੂਲ ਲਾਇਬ੍ਰੇਰੀਅਨ ਦੀ ਆਸਾਮੀ ਖਾਲੀ ਦਿਖਾਈ ਜਾ ਰਹੀ ਹੈ। ਇਸ ਸਬੰਧੀ ਹਦਾਇਤ ਕੀਤੀ ਜਾਂਦੀ ਹੈ ਕਿ ਅਜਿਹੀ ਸਥਿਤੀ ਵਿੱਚ ਸਕੂਲ ਲਾਇਬ੍ਰੇਰੀਅਨ ਦੀ ਆਸਾਮੀ ਨੂੰ ਭਰਿਆ ਦਿਖਾਇਆ ਜਾਵੇ।

ਇਸ ਨੂੰ ਪਰਮ ਅਗੇਤ ਦਿੱਤੀ ਜਾਵੇ।

**ਸਹਾਇਕ ਡਾਇਰੈਕਟਰ ਦਫਤਰੀ ਅਮਲਾ**

ਪਿੱਠ ਅੰਕਣ ਨੰ. – ਉਕਤ/ ਮਿਤੀ:- 01.08.2024

ਉਪਰੋਕਤ ਦਾ ਉਤਾਰਾ ਮੈਨੇਜਰ, ਐਮ.ਆਈ.ਐਸ. ਵਿੰਗ, ਦਫਤਰ ਡੀ.ਜੀ.ਐਸ.ਈ. ਪੰਜਾਬ ਨੂੰ ਸੂਚਨਾ ਅਤੇ ਅਗਲੇਰੀ ਯੋਗ ਕਾਰਵਾਈ ਹਿੱਤ ਭੇਜਿਆ ਜਾਂਦਾ ਹੈ।

ਸਹੀ/-

**ਸਹਾਇਕ ਡਾਇਰੈਕਟਰ ਦਫਤਰੀ ਅਮਲਾ**